# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-05-2024**

ਦੇਸ਼ ਦੇ ਕਈ ਸੂਬਿਆਂ ਸਮੇਤ ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਚੋਣ ਪ੍ਰਚਾਰ ਦਾ ਅੱਜ ਆਖਰੀ ਦਿਨ ਏ। ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਅੱਜ ਪ੍ਰਚਾਰ ਵਿਚ ਪੂਰੀ ਵਾਹ ਲਗਾ ਰਹੇ ਨੇ। ਚੋਣ ਪ੍ਰਚਾਰ ਸ਼ਾਮ 6 ਵਜੇ ਪੂਰੀ ਤਰ੍ਹਾਂ ਰੁਕ ਜਾਵੇਗਾ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹੁਸ਼ਿਆਰਪੁਰ ਵਿਚ ਪਾਰਟੀ ਉਮੀਦਵਾਰ ਅਨੀਤਾ ਸੋਮ ਪ੍ਰਕਾਸ਼ ਦੇ ਹੱਕ ਵਿਚ ਇਕ ਚੋਣ ਰੈਲੀ ਨੂੰ ਸੰਬੋਧਤ ਕੀਤਾ। ਉਨਾਂ ਕਿਹਾ ਕਿ ਪੰਜਾਬ ਦੇ ਵਿਕਾਸ ਲਈ ਐਨ ਡੀ ਏ ਦੇ ਹੱਥ ਮਜਬੂਤ ਕਰਨਾ ਜਰੂਈ ਏ। ਪ੍ਰਧਾਨਮੰਤਰੀ ਮੋਦੀ ਨੇ ਲੋਕਾਂ ਨੂੰ ਵੋਟਾਂ ਦੇ ਆਖਰੀ ਗੇੜ ਵਿਚ ਰਿਕਾਰਡਤੋੜ ਵੋਟਿੰਗ ਕਰਨ ਦਾ

ਸਦਾ ਵੀ ਦਿੱਤਾ ਅਤੇ ਕਿਹਾ ਕਿ ਨਵੀਂ ਸਰਕਾਰ ਆਦਮਪੁਰ ਹਵਾਈ ਅੱਡੇ ਦਾ ਨਾਮ ਸ੍ਰੀ ਗੁਰੂ ਰਵਿਦਾਸ ਜੀ ਦੇ ਨਾਮ ਤੇ ਰੱਖੇਗੀ।

---------------------------------------------------------------

ਏਧਰ ਪ੍ਰਚਾਰ ਖਤਮ ਹੋਣ ਤੋਂ ਬਾਅਦ ਪਾਰਟੀਆਂ ਦੇ ਸਟਾਰ ਪ੍ਰਚਾਰਕਾਂ ਨੂੰ ਵੀ ਸੂਬੇ ਨੂੰ ਛੱਡਣਾ ਪਵੇਗਾ। ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਸ਼ਾਮ 6 ਵਜੇ ਤੋਂ ਡਰਾਈ ਡੇਅ ਰਹੇਗਾ ਅਤੇ ਸ਼ਰਾਬ ਦੇ ਠੇਕੇ ਵੀ ਬੰਦ ਕਰ ਦਿੱਤੇ ਜਾਣਗੇ ਜਿਹੜੇ ਪਹਿਲੀ ਜੂਨ ਨੂੰ ਵੋਟਾਂ ਪੈਣ ਤੋਂ ਬਾਅਦ ਖੁੱਲ੍ਹਣਗੇ। ਕਿਸੇ ਵੀ ਹੋਟਲ ਜਾਂ ਰੈਸਟੋਰੈਂਟ ਵਿਚ ਸ਼ਰਾਬ ਨਹੀਂ ਦਿੱਤੀ ਜਾਵੇਗੀ। ਸਾਰੇ ਜ਼ਿਲ੍ਹਿਆਂ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਨੇ। ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਏ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਹਾਲਾਤ ਤੇ ਨਜ਼ਰ ਰੱਖਣ ਲਈ ਕਮਿਸ਼ਨ ਦੀਆਂ ਸਮੁੱਚੀਆਂ ਟੀਮਾਂ ਸਰਗਰਮ ਰਹਿਣਗੀਆਂ। ਮਤਦਾਨ ਮੁਕੰਮਲ ਹੋਣ ਤੋਂ 48 ਘੰਟੇ ਪਹਿਲਾਂ, ਭਾਵ ਚੋਣ ਪ੍ਰਚਾਰ ਖਤਮ ਹੁੰਦੇ ਸਾਰ ਹੀ ਇਲੈਕਟ੍ਰਾਨਿਕ ਮੀਡੀਆ ਸਮੇਤ ਰੇਡੀਓ-ਟੈਲੀਵੀਜ਼ਨ, ਸੋਸ਼ਲ ਮੀਡੀਆ ’ਤੇ ਹੋਣ ਵਾਲੇ ਸਿਆਸੀ

ਪ੍ਰਚਾਰ/ਇਸ਼ਤਿਹਾਰ ’ਤੇ ਵੀ ਰੋਕ ਲੱਗ ਜਾਵੇਗੀ। ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਐਗਜ਼ਿਟ ਪੋਲ ਅਤੇ ਓਪੀਨੀਅਨ ਪੋਲ ’ਤੇ ਵੀ ਇਹ ਰੋਕ ਲਾਗੂ ਹੋਵੇਗੀ। ਅੱਜ ਸ਼ਾਮ 6 ਵਜੇ ਤੋਂ ਬਾਅਦ ਰੇਡੀਓ, ਟੈਲੀਵੀਜ਼ਨ, ਸਿਨੇਮਾ, ਸੋਸ਼ਲ ਮੀਡੀਆ, ਬਲਕ ਐਸ.ਐਮ.ਐਸ. ਜਾਂ ਪ੍ਰੀ-ਰਿਕਾਰਡਡ ਐਸ.ਐਮ.ਐਸ. ਸੁਨੇਹਿਆਂ ਸਮੇਤ ਅਜਿਹੇ ਹੋਰ ਕਿਸੇ ਵੀ ਸਾਧਨ ’ਤੇ ਚੋਣ ਪ੍ਰਚਾਰ ਨਹੀਂ ਕੀਤਾ ਜਾ ਸਕੇਗਾ ਅਤੇ ਨਾ ਹੀ ਸਿਆਸੀ ਇਸ਼ਤਿਹਾਰ ਦਿੱਤਾ ਜਾ ਸਕੇਗਾ। ਚੋਣ ਅਮਲ ਵਿੱਚ ਭਾਗ ਲੈ ਰਹੀਆਂ ਸਿਆਸੀ ਪਾਰਟੀਆਂ ਅਤੇ ਉਮੀਦਵਾਰ 31 ਮਈ ਤੇ ਪਹਿਲੀ ਜੂਨ ਨੂੰ ਛਪਣ ਵਾਲੀਆਂ ਅਖਬਾਰਾਂ ਵਿੱਚ ਆਪਣੇ ਇਸ਼ਤਿਹਾਰ ਮੀਡੀਆ ਸਰਟੀਫ਼ਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪ੍ਰਵਾਨਗੀ ਉਪਰੰਤ ਹੀ ਛਪਵਾ ਸਕਦੇ ਨੇ।

-----------------------------------------------------

ਭਾਰਤ ਪਾਕਿਸਤਾਨ ਦੀ ਸਰਹੱਦ ਤੇ ਸਥਿਤ ਫਿਰੋਜ਼ਪੁਰ ਲੋਕ ਸਭਾ ਹਲਕੇ ਵਿੱਚ 29 ਉਮੀਦਵਾਰ ਚੋਣ ਲੜ ਰਹੇ ਨੇ ਜਿਨਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਰਾਣਾ ਗੁਰਮੀਤ ਸਿੰਘ ਸੋਢੀ, ਕਾਂਗਰਸ ਪਾਰਟੀ ਦੇ

ਸ਼ੇਰ ਸਿੰਘ ਘੁਬਾਇਆ, ਆਮ ਆਦਮੀ ਪਾਰਟੀ ਦੇ ਜਗਦੀਪ ਸਿੰਘ ਕਾਕਾ ਬਰਾੜ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਨਰਦੇਵ ਸਿੰਘ ਬੋਬੀ ਮਾਨ ਤੋਂ ਇਲਾਵਾ ਬਹੁਜਨ ਸਮਾਜ ਪਾਰਟੀ ਦੇ ਸੁਰਿੰਦਰ ਕੰਬੋਜ ਵੀ ਚੋਣ ਮੈਦਾਨ ਵਿੱਚ ਨੇ। ਸਾਡੇ ਪੱਤਰਕਾਰ ਜਸਵਿੰਦਰ ਸਿੰਘ ਬਿੱਟਾ ਨਾਲ ਗੱਲਬਾਤ ਦੌਰਾਨ ਰਾਣਾ ਗੁਰਮੀਤ ਸਿੰਘ ਸੋਢੀ ਨੇ ਕਿਹਾ ਕਿ ਉਹ ਹਲਕਾ ਗੁਰੂ ਹਰ ਸਾਹਿਬ ਤੋਂ ਵਿਧਾਇਕ ਰਹੇ ਨੇ ਤੇ ਲੋਕਾਂ ਦੀਆਂ ਮੁਸ਼ਕਲਾਂ ਤੋਂ ਜਾਣੂ ਨੇ ਅਤੇ ਇਨਾਂ ਦਾ ਹੱਲ ਕਰਾਉਣ ਦੇ ਮਕਸਦ ਨੂੰ ਲੈ ਕੇ ਚੋਣ ਲੜ ਰਹੇ ਨੇ। ਆਮ ਆਦਮੀ ਪਾਰਟੀ ਦੇ ਜਗਦੀਪ ਸਿੰਘ ਕਾਕਾ ਬਰਾੜ ਅਨੁਸਾਰ ਸੂਬਾ ਸਰਕਾਰ ਦੀਆਂ ਨੀਤੀਆਂ ਦੇ ਭਰੋਸੇ ਨਾਲ ਉਹ ਚੋਣ ਲੜ ਰਹੇ ਨੇ ਅਤੇ ਉਨਾਂ ਦਾ ਮਕਸਦ ਹਲਕੇ ਦਾ ਬਹੁਪੱਖੀ ਵਿਕਾਸ ਕਰਵਾਉਣਾ ਏ । ਕਾਂਗਰਸ ਪਾਰਟੀ ਦੇ ਸ਼ੇਰ ਸਿੰਘ ਘੁਬਾਇਆ ਦਾ ਕਹਿਣਾ ਏ ਕਿ ਕੇਂਦਰ ਵਿੱਚ ਇੰਡੀਆ ਗਠਜੋੜ ਦੀ ਸਰਕਾਰ ਬਣਨ ਦੀ ਉਨਾਂ ਨੂੰ ਆਸ ਏ ਅਤੇ ਉਹ ਹਲਕੇ ਦੇ ਬਹੁਪੱਖੀ ਵਿਕਾਸ ਲਈ ਵਚਨਬੱਧ ਨੇ। ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨਰਦੇਵ ਸਿੰਘ ਬੌਬੀ ਮਾਨ ਦੱਸਦੇ ਨੇ ਕਿ ਉਨਾਂ ਦੇ ਪਿਤਾ ਹਲਕੇ ਤੋਂ ਤਿੰਨ ਵਾਰ ਸਾਂਸਦ ਰਹੇ ਨੇ ਤੇ ਉਨਾਂ ਕਈ ਵਿਕਾਸ

ਕਾਰਜ ਕਰਵਾਏ ਅਤੇ ਉਨਾਂ ਵੱਲੋਂ ਰਹਿੰਦੇ ਵਿਕਾਸ ਕਾਰਜਾਂ ਨੂੰ ਪੂਰਾ ਕਰਾਉਣ ਦੇ ਮਕਸਦ ਨਾਲ ਉਹ ਚੋਣ ਲੜ ਰਹੇ ਨੇ।

---------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ ਪਰ ਮੌਸਮ ਵਿਭਾਗ ਅਨੁਸਾਰ ਅੱਜ ਤੋਂ ਪਹਿਲੀ ਜੂਨ ਤਕ ਕਿਤੇ ਕਿਤੇ ਹਨੇਰੀ ਝੱਖੜ ਤੇ ਬੂੰਦਾਬਾਂਦੀ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ ਪਰ ਇਸ ਵੇਲੇ ਸਵੇਰ ਤੋਂ ਹੀ ਵਗਦੇ ਲੂ ਦੇ ਥਪੇੜੇ ਹਰ ਕਿਸੇ ਨੂੰ ਪਰੇਸ਼ਾਨ ਕਰ ਰਹੇ ਨੇ ਅਤੇ ਆਮ ਜਨਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਏਧਰ ਬੀਤੀ ਰਾਤ ਜਲੰਧਰ ਸਮੇਤ ਕਈ ਥਾਂਵਾਂ ਤੇ ਅਚਾਨਕ ਆਏ ਹਨੇਰੀ ਝੱਖੜ ਨਾਲ ਬਿਜਲੀ ਗੁਲ ਹੋ ਗਈ। ਕਈ ਜ਼ਿਲਿਆਂ ਵਿਚ ਕੁਝ ਦੇਰ ਲਈ ਕਿਣ ਮਿਣ ਵੀ ਹੋਈ ਹਾਲਾਂਕਿ ਇਸ ਦਾ ਗਰਮੀ ਦੇ ਜ਼ੋਰ ਵਿਚ ਕੋਈ ਖਾਸ ਫਰਕ ਨਹੀਂ ਪਿਆ। ਜਬਰਦਸਤ ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ। ਲੋਕਾਂ ਨੂੰ ਸਿੱਧੀ ਧੁੱਪ

ਵਿਚ ਬਾਹਰ ਨਿਕਲਣ ਤੋਂ ਬਚਣ, ਛਾਂ ਵਿੱਚ ਰਹਣ ਅਤੇ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਲਈ ਆਖਿਆ ਗਿਆ ਏ। ਇਸ ਦੇ ਨਾਲ ਹੀ ਜਰੂਰੀ ਮਿਕਦਾਰ ਵਿਚ ਪਾਣੀ ਪੀਣ, ਸਿਰ ਨੂੰ ਟੌਪੀ ਜਾਂ ਤੋਲੀਏ ਨਾਲ ਢੱਕ ਕੇ ਰੱਖਣ, ਲੂ ਲੱਗਣ ਵਾਲੇ ਵਿਅਕਤੀ ਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰਨ ਅਤੇ ਤੁਰੰਤ ਹਸਪਤਾਲ ਲਿਜਾਣ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਸ ਰੱਖਣ ਅਤੇ ਬੱਚਿਆਂ ਤੇ ਬਜ਼ੁਰਗਾਂ ਦਾ ਖਾਸ ਧਿਆਨ ਰੱਖਣ ਦੀ ਸਲਾਹ ਦਿੱਤੀ ਗਈ ਏ।